# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :23-07-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਐਲਾਨ ਕੀਤਾ ਕਿ ਕੇਂਦਰ ਸਰਕਾਰ, NEET ਪ੍ਰੀਖਿਆ ਪ੍ਰਸ਼ਨ ਪੱਤਰ ਲੀਕ ਮਾਮਲੇ ਵਿੱਚ ਸ਼ਾਮਲ ਲੋਕਾਂ ਨੂੰ ਜਲਦੀ ਅਤੇ ਸਖ਼ਤ ਸਜ਼ਾ ਯਕੀਨੀ ਬਣਾਉਣ ਲਈ ਫਾਸਟ-ਟਰੈਕ ਅਦਾਲਤਾਂ ਸਥਾਪਤ ਕਰੇਗੀ। ਉਨ੍ਹਾਂ ਵਿਦਿਆਰਥੀਆਂ ਦੇ ਭਵਿੱਖ ਦੀ ਰੱਖਿਆ ਨੂੰ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਦੱਸਿਆ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਦੇਸ਼ ਦੇ ਨੌਜਵਾਨਾਂ ਦੀ ਭਲਾਈ ਅਤੇ ਭਵਿੱਖ ਸਭ ਤੋਂ ਮਹੱਤਵਪੂਰਨ ਨੇ । ਪ੍ਰਧਾਨ ਮੰਤਰੀ ਦਾ ਇਹ ਬਿਆਨ NEET ਪ੍ਰੀਖਿਆ ਪ੍ਰਸ਼ਨ ਪੱਤਰ ਲੀਕ ਨੂੰ ਲੈ ਕੇ ਦਿੱਲੀ ਦੇ ਜੰਤਰ-ਮੰਤਰ ਵਿਖੇ ਚੱਲ ਰਹੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਦੌਰਾਨ ਆਇਆ ਏ । ਸ਼੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਅਤੇ ਅਧਿਕਾਰੀਆਂ ਨੂੰ ਇਸ ਸਬੰਧ ਵਿੱਚ

ਸਾਰੇ ਜ਼ਰੂਰੀ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਨੇ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੇ ਭਵਿੱਖ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਫੈਸਲਾ ਵਿਦਿਆਰਥੀਆਂ ਦੇ ਹਿੱਤਾਂ ਦੀ ਰੱਖਿਆ ਲਈ ਕੀਤੇ ਜਾ ਰਹੇ ਉਪਾਵਾਂ ਦੀ ਇੱਕ ਲੜੀ ਦੇ ਹਿੱਸੇ ਵਜੋਂ ਲਿਆ ਗਿਆ ਏ।

------------------------------------------------------------------------

ਪੰਜਾਬ ਸਰਕਾਰ ਵੱਲੋਂ ਹਰ ਖੇਤ ਵਿੱਚ ਨਹਿਰੀ ਪਾਣੀ ਪਹੁੰਚਾਉਣ ਦੇ ਉਪਰਾਲਿਆਂ ਤਹਿਤ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਮੋਗਾ ਜ਼ਿਲ੍ਹੇ ਵਿੱਚ 105 ਕਰੋੜ 49 ਲਖ ਰੁਪਏ ਦੇ ਸਿੰਚਾਈ ਪ੍ਰਾਜੈਕਟ ਲੋਕ ਅਰਪਿਤ ਕੀਤੇ। ਇਨ੍ਹਾਂ ਵਿੱਚ ਮੁੱਖ ਤੌਰ 'ਤੇ ਮੋਗਾ, ਬਾਘਾਪੁਰਾਣਾ ਤੇ ਧਰਮਕੋਟ ਹਲਕੇ ਵਿੱਚ ਸਿੰਚਾਈ ਪ੍ਰਾਜੈਕਟਾਂ ਦਾ ਉਦਘਾਟਨ ਕੀਤਾ ਗਿਆ, ਜਿਸ ਵਿੱਚ ਮੁੱਖ ਤੌਰ 'ਤੇ ਸੂਇਆਂ,ਰਜਬਾਹਿਆਂ ਦੀ ਕੰਕਰੀਟ ਲਾਇਨਿੰਗ , ਜ਼ਮੀਨਦੋਜ਼ ਪਾਈਪਾਂ ਰਾਹੀਂ ਸਿੰਚਾਈ ਦੇ ਪ੍ਰਾਜੈਕਟ ਮੁੱਖ ਰੂਪ ਵਿੱਚ ਸ਼ਾਮਲ ਨੇ। ਉਨ੍ਹਾਂ ਛੰਡੇਆਣਾ, ਸੁਖਾਨੰਦ ਤੇ ਨੂਰਪੁਰ ਹਕੀਮਾਂ ਵਿਖੇ ਸਿੰਚਾਈ ਪ੍ਰਾਜੈਕਟਾਂ ਦਾ ਉਦਘਾਟਨ ਕੀਤਾ। ਇਨ੍ਹਾਂ ਪ੍ਰਾਜੈਕਟਾਂ ਨਾਲ ਮੋਗਾ ਜ਼ਿਲ੍ਹੇ ਦੇ ਲਗਭਗ 94 ਪਿੰਡਾਂ ਨੂੰ ਸਿੱਧਾ ਲਾਭ ਮਿਲੇਗਾ ਜਿਨ੍ਹਾਂ

ਦਾ 20 ਹਜ਼ਾਰ 85 ਏਕੜ ਹੋਰ ਰਕਬਾ ਨਹਿਰੀ ਪਾਣੀ ਦੀ ਸਿੰਚਾਈ ਹੇਠ ਆ ਜਾਵੇਗਾ

---

ਪੰਜਾਬ ਦੇ ਸੂਚਨਾ ਤਕਨਾਲੋਜੀ ਮੰਤਰੀ ਅਮਨ ਅਰੋੜਾ ਨੇ ਪਾਰਦਰਸ਼ੀ ਅਤੇ ਸੁਰੱਖਿਅਤ ਡਿਜੀਟਲ ਸ਼ਾਸਨ ਯਕੀਨੀ ਬਣਾਉਣ ਦੇ ਮੱਦੇਨਜ਼ਰ ਸੂਬੇ ਦੇ ਸਮੂਹ ਸਰਕਾਰੀ ਵਿਭਾਗਾਂ ਵਿੱਚ ਪੁਖ਼ਤਾ ਡਾਟਾ ਸੁਰੱਖਿਆ ਪ੍ਰਣਾਲੀ ਸਥਾਪਤ ਕਰਨ ਦੀ ਫ਼ੌਰੀ ਲੋੜ 'ਤੇ ਜ਼ੋਰ ਦਿੱਤਾ। ਰਾਜ ਦੇ ਡਾਟਾ ਲਈ ਸਾਈਬਰ ਸੁਰੱਖਿਆ ਢਾਂਚੇ ਨੂੰ ਮਜ਼ਬੂਤ ਕਰਨਾ" ਵਿਸ਼ੇ ਸਬੰਧੀ ਸੂਬਾ ਪੱਧਰੀ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਸ੍ਰੀ ਅਰੋੜਾ ਨੇ ਕਿਹਾ ਕਿ ਤਕਨਾਲੋਜੀ ਜਿੱਥੇ ਬੇਅੰਤ ਫਾਇਦਾ ਪ੍ਰਦਾਨ ਕਰਦੀ ਏ ਉੱਥੇ ਇਸ ਨਾਲ ਜੁੜੇ ਗੰਭੀਰ ਖ਼ਤਰਿਆਂ ਦੇ ਮੱਦੇਨਜ਼ਰ ਡਾਟਾ ਦਾ ਸਮਝਦਾਰੀ ਨਾਲ ਪ੍ਰਬੰਧਨ ਕਰਨਾ ਵੀ ਬੇਹੱਦ ਜ਼ਰੂਰੀ ਏ । ਸ੍ਰੀ ਅਰੋੜਾ ਨੇ ਕਿਹਾ, “ਡਾਟਾ ਹੁਣ ਇੱਕ ਨਵੀਂ ਜਨਤਕ ਸੰਪਤੀ ਏ ਅਤੇ ਨਾਗਰਿਕਾਂ ਦੇ ਰਿਕਾਰਡਾਂ ਤੇ ਸਰਕਾਰੀ ਡਾਟਾਬੇਸ ਦੀ ਸੁਰੱਖਿਆ ਡਿਜੀਟਲ ਸ਼ਾਸਨ ਵਿੱਚ ਲੋਕਾਂ ਦਾ ਭਰੋਸਾ ਕਾਇਮ ਰੱਖਣ ਲਈ ਬੁਨਿਆਦੀ ਲੋੜ ਏ । ਪੰਜਾਬ ਸਮਾਜਿਕ ਭਲਾਈ ਸਕੀਮਾਂ, ਜ਼ਮੀਨੀ

ਰਿਕਾਰਡਾਂ ਅਤੇ ਨਾਗਰਿਕ ਸੇਵਾਵਾਂ ਸਮੇਤ ਵੱਖ-ਵੱਖ ਖੇਤਰਾਂ ਵਿੱਚ ਆਪਣਾ ਡਿਜੀਟਲ ਦਾਇਰਾ ਵਧਾ ਰਿਹਾ ਏ । ਮੰਤਰੀ ਨੇ ਸਾਈਬਰ ਸੁਰੱਖਿਆ ਪ੍ਰੋਟੋਕੋਲ ਨੂੰ ਮਜ਼ਬੂਤ ਕਰਨ ਲਈ ਲੋੜੀਂਦੇ ਕਿਸੇ ਵੀ ਉਪਾਅ ਲਈ ਰਾਜ ਸਰਕਾਰ ਅਤੇ ਵਿਭਾਗ ਵੱਲੋਂ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ ।ਇਹ ਵਰਕਸ਼ਾਪ ਭਾਰਤ ਸਰਕਾਰ ਦੇ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਵੱਲੋਂ ਜਾਰੀ ਸੰਕਲਪਿਤ ਢਾਂਚਿਆਂ ਦੇ ਅਨੁਸਾਰ ਕਰਵਾਈ ਗਈ ਜਿਸ ਦਾ ਉਦੇਸ਼ ਸੂਬਾ ਪੱਧਰ ’ਤੇ ਸਾਈਬਰ ਸੁਰੱਖਿਆ ਦੀ ਤਿਆਰੀ ਦਾ ਮੁਲਾਂਕਣ ਕਰਨਾ, ਅਹਿਮ ਡਾਟਾ ਸੰਪਤੀਆਂ ਦੀ ਪਛਾਣ ਕਰਨਾ ਅਤੇ ਆਗਾਮੀ ਕੌਮੀ ਵਿਭਾਗੀ ਸੰਮੇਲਨ ਲਈ ਸਿਫ਼ਾਰਸ਼ਾਂ ਤਿਆਰ ਕਰਨਾ ਸੀ।

------------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਜਲੰਧਰ ਆਬਕਾਰੀ ਵਿਭਾਗ, ਵਿਖੇ ਤਾਇਨਾਤ ਸੀਨੀਅਰ ਸਹਾਇਕ ਸਤਨਾਮ ਸਿੰਘ ਨੂੰ 5000 ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਏ । ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਨੂੰ ਪਿੰਡ ਨਾਗਰਾ ਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਏ ।

ਸ਼ਿਕਾਇਤਕਰਤਾ ਨੇ ਦਸਿਆ ਕਿ ਉਸਨੇ ਆਪਣੇ ਰੈਸਟੋਰੈਂਟ ਲਈ ਐਲ-5ਬੀ ਲਾਇਸੈਂਸ ਲਈ ਆਨਲਾਈਨ ਅਰਜ਼ੀ ਦਿੱਤੀ ਸੀ। ਇਸ ਦੌਰਾਨ ਮੁਲਜ਼ਮ ਸੀਨੀਅਰ ਸਹਾਇਕ ਨੇ ਕਥਿਤ ਤੌਰ ’ਤੇ ਸ਼ਿਕਾਇਤਕਰਤਾ ਤੋਂ ਲਾਇਸੈਂਸ ਜਾਰੀ ਕਰਨ ਲਈ 5000 ਰੁਪਏ ਦੀ ਰਿਸ਼ਵਤ ਮੰਗੀ ਅਤੇ ਪ੍ਰਾਪਤ ਕੀਤੀ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਸਬੰਧੀ ਸਾਰੀ ਗੱਲਬਾਤ ਰਿਕਾਰਡ ਕਰ ਲਈ ਸੀ। ਇਸਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਮੁਲਜ਼ਮ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ।

---------------------------------------------------------------------

ਵਿਕਸਿਤ ਭਾਰਤ ਗਰੰਟੀ ਰੁਜ਼ਗਾਰ ਅਜੀਵਿਕਾ ਮਿਸ਼ਨ ਗ੍ਰਾਮੀਨ ਅਧੀਨ ਪਠਾਨਕੋਟ ਦੇ ਡਿਪਟੀ ਕਮਿਸ਼ਨਰ ਡਾ. ਪੱਲਵੀ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਮਲਕਪੁਰ ਵਿਖੇ ਜ਼ਿਲ੍ਹਾ ਜ਼ਿਲੇ ਦੀਆਂ ਸਮੂਹ ਪੰਚਾਇਤਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਡਾ. ਪੱਲਵੀ ਨੇ ਪੰਚਾਇਤ ਨੁਮਾਇੰਦਿਆਂ ਨੂੰ ਵਿਕਸਿਤ ਭਾਰਤ ਗਰੰਟੀ ਰੁਜ਼ਗਾਰ ਅਜੀਵਿਕਾ ਮਿਸ਼ਨ ਗ੍ਰਾਮੀਨ ਅਧੀਨ ਪਿੰਡਾਂ ਦੇ

ਸਰਵਪੱਖੀ ਵਿਕਾਸ ਲਈ ਚੱਲ ਰਹੀਆਂ ਸਰਕਾਰੀ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅਮਲ ਵਿੱਚ ਲਿਆਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਲਈ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਮੀਟਿੰਗ ਦੌਰਾਨ ਸਰਪੰਚਾਂ ਵੱਲੋਂ ਵੱਖ-ਵੱਖ ਵਿਕਾਸ ਕਾਰਜਾਂ ਅਤੇ ਸਕੀਮਾਂ ਨਾਲ ਸਬੰਧਤ ਆਪਣੇ ਸੁਝਾਅ ਅਤੇ ਸਮੱਸਿਆਵਾਂ ਵੀ ਰੱਖੀਆਂ ਗਈਆਂ। ਉਨ੍ਹਾਂ ਭਰੋਸਾ ਦਿੱਤਾ ਕਿ ਇਸ ਪ੍ਰਕਿਰਿਆ ਨੂੰ ਸੁਚਾਰੂ ਅਤੇ ਤੇਜ਼ ਬਣਾਉਣ ਲਈ ਲੋੜੀਂਦੇ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਵਿਕਾਸ ਕਾਰਜਾਂ ਵਿੱਚ ਕਿਸੇ ਤਰ੍ਹਾਂ ਦੀ ਰੁਕਾਵਟ ਨਾ ਆਵੇ।

---

ਅੱਜ ਰਾਸ਼ਟਰੀ ਪ੍ਰਸਾਰਣ ਦਿਵਸ ਏ। 1927 ਵਿੱਚ ਇਸੇ ਦਿਨ, ਦੇਸ਼ ਦਾ ਪਹਿਲਾ ਰੇਡੀਓ ਪ੍ਰਸਾਰਣ ਮੁੰਬਈ ਤੋਂ ਸ਼ੁਰੂ ਹੋਇਆ ਸੀ। ਬਾਅਦ ਵਿੱਚ, 1936 ਵਿੱਚ, ਆਲ ਇੰਡੀਆ ਰੇਡੀਓ ਦੀ ਸਥਾਪਨਾ ਹੋਈ, ਅਤੇ 1956 ਵਿੱਚ, ਇਸਦਾ ਨਾਂ ਬਦਲ ਕੇ ਆਕਾਸ਼ਵਾਣੀ ਰੱਖਿਆ ਗਿਆ। ਇਸ ਤੋਂ ਬਾਅਦ, 1957 ਵਿੱਚ, ਪ੍ਰਸਿੱਧ ਫਿਲਮ ਸੰਗੀਤ ਦੇ ਨਾਲ ਵਿਵਿਧ ਭਾਰਤੀ

ਸੇਵਾ ਦੀ ਸ਼ੁਰੂਆਤ ਹੋਈ। ਰੇਡੀਓ ਨੇ ਆਜ਼ਾਦੀ ਦੀ ਲੜਾਈ ਤੋਂ ਲੈ ਕੇ ਦੇਸ਼ ਦੇ ਵਿਕਾਸ ਤੱਕ ਇੱਕ ਮਹੱਤਵਪੂਰਨ ਭੂਮਿਕਾ ਨਿਭਾਈ ਏ। ਆਕਾਸ਼ਵਾਣੀ ਨੇ ਸਿੱਖਿਆ, ਸਿਹਤ, ਖੇਤੀਬਾੜੀ ਅਤੇ ਜਨ ਜਾਗਰੂਕਤਾ ਦੇ ਖੇਤਰਾਂ ਵਿੱਚ ਜਨਤਾ ਨੂੰ ਸਹੀ ਅਤੇ ਭਰੋਸੇਯੋਗ ਜਾਣਕਾਰੀ ਪ੍ਰਦਾਨ ਕੀਤੀ ਏ। ਅੱਜ ਵੀ, "ਬਹੁਜਨ ਹਿਤਾਏ, ਬਹੁਜਨ ਸੁਖਾਏ" ਦੇ ਆਦਰਸ਼ ਵਾਕ ਨਾਲ, ਸੂਚਨਾ, ਸਿੱਖਿਆ ਅਤੇ ਮਨੋਰੰਜਨ ਦੇ ਖੇਤਰਾਂ ਵਿੱਚ ਆਕਾਸ਼ਵਾਣੀ ਦੀਆਂ ਸੇਵਾਵਾਂ ਜਾਰੀ ਨੇ.

--------------------------------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ, ਲੱਦਾਖ ਉੱਤਰਾਖੰਡ, ਤੇ ਪੱਛਮੀ ਰਾਜਸਥਾਨ ਵਿੱਚ ਐਤਵਾਰ ਤੱਕ ਭਾਰੀ ਮੀਂਹ ਦੀ ਪੇਸ਼ੀਨਗੋਈ ਕੀਤੀ ਏ। ਇਸੇ ਦੌਰਾਨ ਜਲੰਧਰ, ਸਮੇਤ ਸੂਬੇ ਦੇ ਵਿੱਚ ਕਈ ਜ਼ਿਲਿਆਂ ਵਿਚ ਮੀਂਹ ਪੈ ਰਿਹਾ ਏ। ਅੰਮ੍ਰਿਤਸਰ ਦੇ ਪਿੰਡ ਗੱਗੋਮਾਹਲ ਅਤੇ ਇਸ ਦੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਸੜਕਾਂ, ਖੇਤਾਂ ਅਤੇ ਰਿਹਾਇਸ਼ੀ ਇਲਾਕਿਆਂ ਵਿੱਚ ਪਾਣੀ ਭਰਨ ਕਾਰਨ ਆਮ ਜਨਜੀਵਨ ਪ੍ਰਭਾਵਿਤ ਹੋਇਆ ਏ। ਝੋਨੇ ਦੀਆਂ ਫ਼ਸਲਾਂ ਵੀ ਪਾਣੀ ਹੇਠ ਆਉਣ ਕਾਰਨ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਦਾ ਖ਼ਤਰਾ ਪੈਦਾ

ਹੋ ਗਿਆ ਏ । ਸਾਡੇ ਪਤਰਕਾਰ ਨੇ ਦਸਿਆ ਕਿ  ਦੱਸਿਆ ਕਿ ਡੇਰਾ ਬਾਬਾ ਨਾਨਕ–ਅੰਮ੍ਰਿਤਸਰ ਮੁੱਖ ਸੜਕ ਸਮੇਤ ਕਈ ਸੰਪਰਕ ਵਿਚ ਪਾਣੀ ਭਰ ਗਿਆ ਏ ਜਿਸ ਕਾਰਨ ਆਵਾਜਾਈ ਵੀ ਪ੍ਰਭਾਵਿਤ ਹੋ ਰਹੀ ਏ । ਪਿੰਡਾਂ ਦੇ ਲੋਕ ਆਪਣੇ ਪੱਧਰ 'ਤੇ ਪਾਣੀ ਦੀ ਨਿਕਾਸੀ ਲਈ ਯਤਨ ਕਰ ਰਹੇ ਨੇ ਪਰ ਸਰਕਾਰੀ ਮਸ਼ੀਨਰੀ ਵੱਲੋਂ ਹਾਲੇ ਤੱਕ ਕੋਈ ਪ੍ਰਭਾਵਸ਼ਾਲੀ ਕਦਮ ਨਹੀਂ ਚੁੱਕਿਆ ਗਿਆ।

--------------------------------------------------------------------------------

ਓਧਰ ਜੰਮੂ ਕਸ਼ਮੀਰ ਵਿੱਚ ਲਗਾਤਾਰ ਮੀਂਹ ਨਾਲ 250 ਕਿਲੋਮੀਟਰ ਲੰਬਾ ਜੰਮੂ-ਸ਼੍ਰੀਨਗਰ ਰਾਸ਼ਟਰੀ ਰਾਜਮਾਰਗ ਨੰਬਰ 44 ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਏ । ਬਨੀਹਾਲ ਅਤੇ ਊਧਮਪੁਰ ਦੇ ਵਿਚਕਾਰ ਕਈ ਥਾਵਾਂ 'ਤੇ ਜ਼ਮੀਨ ਖਿਸਕਣ, ਅਤੇ ਪੱਥਰ ਡਿੱਗਣ ਦੀਆਂ ਘਟਨਾਵਾਂ ਵਾਪਰੀਆਂ ਹਨ, ਜਿਸ ਕਾਰਨ ਲਗਾਤਾਰ ਦੂਜੇ ਦਿਨ ਵਾਹਨਾਂ ਦੀ ਆਵਾਜਾਈ ਵਿਚ ਵਿਘਨ ਪਿਆ । ਸਾਡੇ ਪੱਤਰਕਾਰ ਨੇ ਦਸਿਆ ਕਿ ਪਿਛਲੇ ਚਾਰ ਦਿਨਾਂ ਤੋਂ ਲਗਾਤਾਰ ਮੀਂਹ ਪੈ ਰਿਹਾ ਏ ।  ਯਾਤਰੀਆਂ ਨੂੰ ਮੌਸਮ ਵਿੱਚ ਸੁਧਾਰ ਅਤੇ ਸੜਕ ਦੀ ਮੁਰੰਮਤ ਪੂਰੀ ਹੋਣ ਤੱਕ ਜੰਮੂ-

ਸ਼੍ਰੀਨਗਰ ਰਾਸ਼ਟਰੀ ਰਾਜਮਾਰਗ 'ਤੇ ਯਾਤਰਾ ਨਾ ਕਰਨ ਦੀ ਸਲਾਹ ਦਿੱਤੀ ਗਈ ਏ।